175

ਪੰਜਾਬ ਸਰਕਾਰ
ਪ੍ਰਸੋਨਲ ਵਿਭਾਗ
(ਪ੍ਰਸੋਨਲ ਪਾਲਿਸੀਜ਼-1 ਸ਼ਾਖਾ)

109

ਵਿਸ਼ਾ :- ਸਰਕਾਰੀ ਕਰਮਚਾਰੀਆਂ ਦੀ ਸੇਵਾ ਨਵਿਰਤੀ ਤੋਂ ਬਾਅਦ ਸੇਵਾ ਵਿੱਚ ਵਾਧਾ ਨਾ ਕਰਨ ਬਾਰੇਂ।

ਪੰਜਾਬ ਰਾਜ ਦੇ ਸਮੂਹ ਵਿੱਤੀ ਕਮਿਸ਼ਨਰ/ਪ੍ਰਮੁੱਖ ਸਕੱਤਰ ਅਤੇ ਪ੍ਰਬੰਧਕੀ ਸਕੱਤਰ, ਕਿਰਪਾ ਕਰਕੇ ਉਪਰੋਕਤ ਵਿਸ਼ੇ ਤੇ ਇਸ ਵਿਭਾਗ ਵੱਲੋਂ ਜਾਰੀ ਹਦਾਇਤਾਂ ਨੰ: 16/4/96-4ਪੀ.ਪੀ.1/9219, ਮਿਤੀ 6.5.1997 ਉਪਰੰਤ ਇਨਾਂ ਹਦਾਇਤਾਂ ਦੀ ਇੰਨ-ਬਿੰਨ ਪਾਲਣਾ ਯਕੀਨੀ ਬਣਾਉਣ ਲਈ ਪੂਰਵਲੇ ਮੁੱਖ ਸਕੱਤਰ ਜੀ ਵੱਲੋਂ ਜਾਰੀ ਅੱਧ ਸਰਕਾਰੀ ਪੱਤਰ ਨੰ: 16/12/08-4ਪੀ.ਪੀ.1/1099, ਮਿਤੀ 11/13.8.2008 ਵੱਲ ਧਿਆਨ ਦੇਣ ਦੀ ਖੇਚਲ ਕਰਨ।

2. ਉਪਰੋਕਤ ਹਦਾਇਤਾਂ ਅਨੁਸਾਰ ਭਵਿੱਖ ਵਿਚ ਕਿਸੇ ਵੀ ਸੂਰਤ ਵਿਚ ਕਿਸੇ ਅਧਿਕਾਰੀ/ਕਰਮਚਾਰੀ ਦੀ ਸੇਵਾ ਨਿਵਿਰਤੀ ਉਪਰੰਤ ਵਾਧਾ ਨਾ ਕਰਨ ਦੀ ਹਦਾਇਤ ਕੀਤੀ ਗਈ ਸੀ। ਇਨ੍ਹਾਂ ਹਦਾਇਤਾਂ ਦੇ ਬਾਵਜੂਦ ਇਹ ਵੇਖਣ ਵਿਚ ਆਇਆ ਹੈ ਕਿ ਕੁਝ ਵਿਭਾਗਾਂ ਵੱਲੋਂ ਕੰਮ ਦੀ ਕਥਿਤ ਮਹੱਤਤਾ ਨੂੰ ਦੱਸਦੇ ਹੋਏ ਕਰਮਚਾਰੀਆਂ ਨੂੰ ਬਣਦੀ ਮਿਤੀ ਤੋਂ ਸੇਵਾ ਨਿਵਿਰਤ ਨਹੀਂ ਕੀਤਾ ਜਾਂਦਾ ਅਤੇ ਬਹੁਤ ਸਾਰੇ ਕੇਸਾਂ ਵਿਚ ਸਬੰਧਿਤ ਅਧਿਕਾਰੀਆਂ/ਕਰਮਚਾਰੀਆਂ ਨੂੰ ਰੀ-ਇੰਪਲਾਇ ਕੀਤਾ ਜਾਂਦਾ ਹੈ। ਇਸ ਵਿਭਾਗ ਵੱਲੋਂ ਜਾਰੀ ਹਦਾਇਤਾਂ ਨੰ: 16/12/08-4ਪੀ.ਪੀ.1/557, ਮਿਤੀ 20.8.2010 ਅਨੁਸਾਰ ਸਰਕਾਰ ਵੱਲੋਂ ਫੈਸਲਾ ਲਿਆ ਗਿਆ ਸੀ ਕਿ ਭਵਿੱਖ ਵਿੱਚ ਕਿਸੇ ਵੀ ਸੂਰਤ ਵਿੱਚ ਕਿਸੇ ਕਰਮਚਾਰੀ/ਅਧਿਕਾਰੀ ਦੀ ਸੇਵਾ ਨਵਿਰਤੀ ਉਪਰੰਤ ਉਸ ਦੀ ਸੇਵਾ ਵਿੱਚ ਵਾਧਾ ਨਾ ਕੀਤਾ ਜਾਵੇ ਅਤੇ ਰੀ-ਇੰਪਲਾਈਮੈਂਟ ਦੇ ਕੇਸਾਂ ਵਿੱਚ ਜਦੋਂ ਤੱਕ ਅਜਿਹੇ ਅਧਿਕਾਰੀ/ਕਰਮਚਾਰੀ ਨੂੰ ਰਿਟਾਇਰਮੈਂਟ ਹੋਣ ਤੋਂ ਬਾਅਦ ਰੀ-ਇੰਪਲਾਈਮੈਂਟ ਦੇਣ ਸਬੰਧੀ ਸਮਰੱਥ ਅਥਾਰਟੀ ਵੱਲੋਂ ਪ੍ਰਵਾਨਗੀ ਉਪਰੰਤ ਹੁਕਮ ਜਾਰੀ ਨਹੀਂ ਹੋ ਜਾਂਦੇ, ਉਦੋਂ ਤੱਕ ਅਜਿਹੇ ਅਧਿਕਾਰੀ/ਕਰਮਚਾਰੀ ਨੂੰ ਸੇਵਾ ਨਵਿਰਤੀ ਤੋਂ ਬਾਅਦ ਕਿਸੇ ਵੀ ਹਾਲਤ ਵਿੱਚ ਸੇਵਾ ਵਿੱਚ ਕੰਨਟੀਨਿਊ ਨਾ ਰੱਖਿਆ ਜਾਵੇ ਅਤੇ ਨਿਯਮਾਂ ਅਨੁਸਾਰ ਕਰਮਚਾਰੀ/ਅਧਿਕਾਰੀ ਨੂੰ ਰਿਟਾਇਰਮੈਂਟ ਦੀ ਮਿਤੀ ਤੋਂ ਰਿਟਾਇਰ ਕਰ ਦਿੱਤਾ

ਜਾਵੇ। ਵਿਭਾਗਾਂ ਵਿਚ ਅਜਿਹੀ ਰੀ-ਇੰਮਪਲਾਇਮੈਂਟ ਕਰਨ ਨਾਲ ਜਿੱਥੇ ਨਵੀਆਂ ਨਿਯੁਕਤੀਆਂ ਵਿਚ ਖੜੋਤ ਆਉਂਦੀ ਹੈ ਉਥੇ ਹੀ ਇਸ ਨਾਲ ਅਧਿਕਾਰੀਆਂ/ਕਰਮਚਾਰੀਆਂ ਦੀਆਂ ਵਿਭਾਗੀ ਪਦ-ਉਨਤੀਆਂ ਤੇ ਵੀ ਮਾੜਾ ਅਸਰ ਪੈਂਦਾ ਹੈ। (176)

3. ਹੁਣ ਮੰਤਰੀ ਮੰਡਲ ਵੱਲੋਂ ਆਪਣੀ ਮੀਟਿੰਗ ਮਿਤੀ 30-4-2012 ਵਿਚ ਇਸ ਮਾਮਲੇ ਤੇ ਸਾਰੇ ਪੱਖਾਂ ਤੋਂ ਮੁੜ ਵਿਚਾਰ ਕੀਤਾ ਗਿਆ ਅਤੇ ਇਹ ਫੈਸਲਾ ਲਿਆ ਗਿਆ ਹੈ ਕਿ ਭਵਿੱਖ ਵਿੱਚ ਕਿਸੇ ਵੀ ਵਿਭਾਗ ਵੱਲੋਂ ਰਾਜ ਸਰਕਾਰ ਦੇ ਮੁਲਾਜ਼ਮਾਂ ਦੀ ਸੇਵਾ ਨਵਿਰਤੀ ਬਾਅਦ ਸੇਵਾ ਵਿੱਚ ਕੋਈ ਵਾਧਾ (ਸਮੇਤ ਮੁੜ ਨਿਯੁਕਤੀ ਜਾਂ ਠੇਕੇ ਦੇ ਆਧਾਰ ਤੇ) ਨਹੀਂ ਕੀਤਾ ਜਾਵੇਗਾ ਪ੍ਰੰਤੂ ਪ੍ਰਸ਼ਾਸਨਿਕ ਲੋੜਾਂ ਨੂੰ ਮੱਦੇ ਨਜ਼ਰ ਰੱਖਦੇ ਹੋਏ ਇਹ ਫੈਸਲਾ ਪੀ.ਸੀ.ਐਸ. ਅਫ਼ਸਰਾਂ ਤੇ ਲਾਗੂ ਨਹੀਂ ਹੋਵੇਗਾ।

4. ਇਨਾਂ ਹਦਾਇਤਾਂ ਦੀ ਪਾਲਣਾ ਯਕੀਨੀ ਬਣਾਉਣ ਦੀ ਜਿੰਮੇਵਾਰੀ ਵਿਭਾਗ ਦੇ ਪ੍ਰਬੰਧਕੀ ਸਕੱਤਰ ਦੀ ਹੋਵੇਗੀ। ਇਹ ਹਦਾਇਤਾਂ ਆਪਣੇ ਅਧੀਨ ਕੰਮ ਕਰਦੇ ਵਿਭਾਗਾਂ ਦੇ ਮੁਖੀਆਂ ਆਦਿ ਤੇ ਧਿਆਨ ਵਿੱਚ ਲਿਆ ਦਿੱਤੀਆਂ ਜਾਣ।

5. ਇਸ ਦੀ ਪੰਹੁਚ ਰਸੀਦ ਭੇਜੀ ਜਾਵੇ।

ਸਕੱਤਰ ਪ੍ਰਸੋਨਲ

ਸੇਵਾ ਵਿਖੇ

ਸਮੂਹ ਵਿੱਤੀ ਕਮਿਸ਼ਨਰਜ, ਪ੍ਰਮੁੱਖ ਸਕੱਤਰ ਅਤੇ
ਪ੍ਰਬੰਧਕੀ ਸਕੱਤਰ, ਪੰਜਾਬ ਸਰਕਾਰ।

ਅੰ.ਵਿ.ਪੱ.ਨੰ: 16/12/08-4ਪੀ.ਪੀ.1(ਪ.ਫ)./237 ਮਿਤੀ, ਚੰਡੀਗੜ੍ਹ: 9.5.2012

ਉਪਰੋਕਤ ਦਾ ਉਤਾਰਾ ਆਮ ਰਾਜ ਪ੍ਰਬੰਧ ਵਿਭਾਗ (ਮੰਤਰੀ ਮੰਡਲ ਮਾਮਲੇ ਸ਼ਾਖਾ) ਨੂੰ ਉਨ੍ਹਾਂ ਦੇ ਪੱਤਰ ਨੰ: 1/44/2012-1ਕੈਬਨਿਟ/1588, ਮਿਤੀ 3-5-2012 ਦੇ ਹਵਾਲੇ ਵਿਚ ਸੂਚਨਾ ਹਿੱਤ ਭੇਜਿਆ ਜਾਂਦਾ ਹੈ।

ਸੁਪਰਡੰਟ

ਸੇਵਾ ਵਿਖੇ

ਆਮ ਰਾਜ ਪ੍ਰਬੰਧ ਵਿਭਾਗ
(ਮੰਤਰੀ ਮੰਡਲ ਮਾਮਲੇ ਸ਼ਾਖਾ)

ਅੰ.ਵਿ.ਪੱ.ਨੰ:16/12/08-4ਪੀ.ਪੀ.1(ਪ.ਫ)./238 ਮਿਤੀ, ਚੰਡੀਗੜ੍ਹ: 9.5.2012